# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20**

**ਮਿਤੀ :08-06-2026**

- ਲੋਕ ਸਭਾ ਸਪੀਕਰ ਓਮ ਬਿਰਲਾ ਨੇ ਅੱਜ ਚੰਡੀਗੜ੍ਹ ਵਿਖੇ ਹਰਿਆਣਾ ਵਿਧਾਨ ਸਭਾ ਵਿੱਚ ਸੀਪੀਏ ਇੰਡੀਆ ਰੀਜਨ ਜ਼ੋਨ-2 ਕਾਨਫਰੰਸ ਦਾ ਉਦਘਾਟਨ ਕੀਤਾ।
- ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ 355 ਨੌਜਵਾਨਾਂ ਨੂੰ ਨਿਯੁਕਤੀ ਪੱਤਰ ਸੌਂਪੇ.
- ਅੰਮ੍ਰਿਤਸਰ ਕਮਿਸ਼ਨਰੇਟ ਪੁਲਿਸ ਨੇ ਇੱਕ ਅੰਤਰਰਾਸ਼ਟਰੀ ਹਥਿਆਰ ਤਸਕਰੀ ਅਤੇ ਹਵਾਲਾ ਨੈੱਟਵਰਕ ਦਾ ਪਰਦਾਫਾਸ਼ ਕਰਦਿਆਂ ਇੱਕ ਅਫਗਾਨ ਨਾਗਰਿਕ ਸਮੇਤ ਚਾਰ ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕੀਤੈ.
- ੪ - ਪੰਜਾਬ ਦੇ ਸਥਾਨਕ ਸਰਕਾਰਾਂ ਬਾਰੇ ਮੰਤਰੀ ਹਰਜੋਤ ਸਿੰਘ ਬੈਂਸ ਨੇ 'ਮਿਸ਼ਨ ਕਲੀਨ ਪੰਜਾਬ' ਦੀ ਸ਼ੁਰੂਆਤ ਕੀਤੀ।

- ਆਕਾਸ਼ਵਾਣੀ ਦੇ 90 ਸਾਲ ਪੂਰੇ ਹੋਣ ਮੌਕੇ ਅੱਜ ਆਕਾਸ਼ਵਾਣੀ ਜਲੰਧਰ ਵੱਲੋਂ ਅੱਜ ਕੇ.ਐਲ. ਸਹਿਗਲ ਆਡੀਟੋਰੀਅਮ ਵਿਖੇ, ਇੱਕ ਸ਼ਾਸਤਰੀ ਸੰਗੀਤ ਸਮਾਰੋਹ - 'ਇੱਕ ਸ਼ਾਮ - ਸ਼ਾਸਤਰੀ ਸੰਗੀਤ ਦੇ ਨਾਮ' ਕਰਾਇਆ ਜਾ ਰਿਹਾ ਏ।

-------------------------------------------------------------

ਲੋਕ ਸਭਾ ਸਪੀਕਰ ਓਮ ਬਿਰਲਾ ਨੇ ਅੱਜ ਚੰਡੀਗੜ੍ਹ ਵਿਖੇ ਹਰਿਆਣਾ ਵਿਧਾਨ ਸਭਾ ਵਿੱਚ ਸੀਪੀਏ ਇੰਡੀਆ ਰੀਜਨ ਜ਼ੋਨ-2 ਕਾਨਫਰੰਸ ਦਾ ਉਦਘਾਟਨ ਕੀਤਾ। ਇਸ ਤਿੰਨ ਦਿਨਾਂ ਸਮਾਗਮ ਵਿੱਚ ਭਾਰਤ ਭਰ ਦੇ ਵਿਧਾਇਕ ਅਤੇ ਪ੍ਰੀਜ਼ਾਈਡਿੰਗ ਅਫ਼ਸਰ ਰਾਸ਼ਟਰ ਨਿਰਮਾਣ ਵਿੱਚ ਵਿਧਾਇਕਾਂ ਦੀ ਭੂਮਿਕਾ, ਵਿਕਸਿਤ ਭਾਰਤ, 2047, ਆਰਟੀਫੀਸ਼ੀਅਲ ਇੰਟੈਲੀਜੈਂਸ ਅਤੇ ਲੋਕਤੰਤਰੀ ਸੰਸਥਾਵਾਂ ਨੂੰ ਵਧੇਰੇ ਪ੍ਰਭਾਵਸ਼ਾਲੀ ਬਣਾਉਣ ਵਰਗੇ ਮਹੱਤਵਪੂਰਨ ਵਿਸ਼ਿਆਂ 'ਤੇ ਵਿਚਾਰ-ਵਟਾਂਦਰਾ ਕਰਨਗੇ। ਰਾਜਸਭਾ ਦੇ ਉਪ – ਸਭਾਪਤੀ ਸ਼੍ਰੀ ਹਰੀਵੰਸ਼ ਅਤੇ 13 ਵਿਧਾਨ ਸਭਾ ਸਪੀਕਰ,ਅਤੇ ਦਿੱਲੀ, ਗੋਆ, ਹਰਿਆਣਾ, ਹਿਮਾਚਲ ਪ੍ਰਦੇਸ਼, ਜੰਮੂ-ਕਸ਼ਮੀਰ, ਮੱਧ ਪ੍ਰਦੇਸ਼, ਮਹਾਰਾਸ਼ਟਰ, ਪੰਜਾਬ, ਰਾਜਸਥਾਨ, ਸਿੱਕਮ, ਉੱਤਰ ਪ੍ਰਦੇਸ਼ ਅਤੇ ਪੱਛਮੀ ਬੰਗਾਲ ਸਮੇਤ 12 ਰਾਜਾਂ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ਾਂ

ਦੇ 4 ਡਿਪਟੀ ਸਪੀਕਰ ਅਤੇ ਸੱਤ ਸਕੱਤਰ ਕਾਨਫਰੰਸ ਵਿੱਚ ਹਿੱਸਾ ਲੈ ਰਹੇ ਨੇ. ਇਸ ਮੌਕੇ ਇਕਠ ਨੂੰ ਸੰਬੋਧਨ ਕਰਦਿਆਂ ਸ੍ਰੀ ਬਿਰਲਾ ਨੇ ਕਿਹਾ

–byte – ਬਿਰਲਾ – 39 sec

---------------------------------------------------------------

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ 355 ਨੌਜਵਾਨਾਂ ਨੂੰ ਨਿਯੁਕਤੀ ਪੱਤਰ ਸੌਂਪੇ, ਜਿਸ ਨਾਲ ਹੁਣ ਤੱਕ ਦਿੱਤੀਆਂ ਗਈਆਂ ਕੁੱਲ ਸਰਕਾਰੀ ਨੌਕਰੀਆਂ ਦੀ ਗਿਣਤੀ 67 ਹਜ਼ਾਰ 37 ਹੋ ਗਈ ਏ । ਇਸ ਪ੍ਰਾਪਤੀ ਨੂੰ ਪੰਜਾਬ ਵਿੱਚ ਨਵੇਂ ਭਰਤੀ ਪ੍ਰਬੰਧ ਦਾ ਪ੍ਰਤੱਖ ਪ੍ਰਮਾਣ ਦੱਸਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਪਹਿਲੀ ਵਾਰ ਸਰਕਾਰੀ ਨੌਕਰੀਆਂ ਸਿਰਫ਼ ਯੋਗਤਾ, ਪਾਰਦਰਸ਼ਿਤਾ ਅਤੇ ਨਿਰਪੱਖ ਮੁਕਾਬਲੇ ਦੇ ਆਧਾਰ 'ਤੇ ਬਿਨਾਂ ਕਿਸੇ ਸਿਫਾਰਿਸ਼, ਰਾਜਨੀਤਿਕ ਪ੍ਰਭਾਵ ਜਾਂ ਭ੍ਰਿਸ਼ਟਾਚਾਰ ਦੇ ਦਿੱਤੀਆਂ ਜਾ ਰਹੀਆਂ ਨੇ. ਮੁਖ ਮੰਤਰੀ ਨੇ ਕਿਹਾ ਕਿ ਪੰਜਾਬ ਨਾ ਸਿਰਫ਼ ਨੌਕਰੀਆਂ ਪੈਦਾ ਕਰ ਰਿਹਾ ਏ ਸਗੋਂ ਅਜਿਹੇ ਮੌਕੇ ਵੀ ਪੈਦਾ ਕਰ ਰਿਹਾਏ ਜੋ ਨੌਜਵਾਨਾਂ ਨੂੰ ਆਪਣੇ ਸੂਬੇ ਵਿੱਚ ਰਹਿਣ, ਅੱਗੇ ਵਧਣ ਅਤੇ ਸਫਲ ਹੋਣ ਲਈ ਉਤਸ਼ਾਹਿਤ ਕਰਦੇ ਨੇ. ਤਕਨੀਕੀ ਸਿੱਖਿਆ, ਸਹਿਕਾਰਤਾ, ਸਥਾਨਕ ਸਰਕਾਰਾਂ, ਜਲ ਸਪਲਾਈ ਤੇ ਸੈਨੀਟੇਸ਼ਨ, ਪਸ਼ੂ ਪਾਲਣ, ਲੋਕ ਨਿਰਮਾਣ, ਮਕਾਨ ਉਸਾਰੀ ਤੇ ਸ਼ਹਿਰੀ

ਵਿਕਾਸ ਅਤੇ ਹੋਰ ਵਿਭਾਗਾਂ ਵਿੱਚ ਨਵੇਂ ਚੁਣੇ ਗਏ ਉਮੀਦਵਾਰਾਂ ਨੂੰ ਨਿਯੁਕਤੀ ਪੱਤਰ ਵੰਡੇ ਸਮਾਰੋਹ ਦੌਰਾਨ ਇਕੱਠ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਹ ਦਿਨ ਪੰਜਾਬ ਸਰਕਾਰ ਦੇ ਸੂਬੇ ਦੇ ਨੌਜਵਾਨਾਂ ਨੂੰ ਰੋਜ਼ਗਾਰ ਅਤੇ ਚੰਗੇ ਸ਼ਾਸਨ ਰਾਹੀਂ ਮਜ਼ਬੂਤ ਬਣਾਉਣ ਦੇ ਚੱਲ ਰਹੇ ਮਿਸ਼ਨ ਵਿੱਚ ਇੱਕ ਹੋਰ ਮਹੱਤਵਪੂਰਨ ਮੀਲ ਪੱਥਰ ਏ। ਮੁੱਖ ਮੰਤਰੀ ਨੇ ਕਿਹਾ ਕਿ ਇਹ ਬੇਹੱਦ ਮਾਣ ਅਤੇ ਸੰਤੁਸ਼ਟੀ ਵਾਲੀ ਗੱਲ ਏ ਕਿ ਪੰਜਾਬ ਦੇ ਸਰਕਾਰੀ ਸਕੂਲਾਂ ਵਿੱਚ ਹੁਣ ਵਿਸ਼ਵ ਪੱਧਰੀ ਸਿਖਲਾਈ ਪ੍ਰਾਪਤ ਅਧਿਆਪਕ ਸਿੱਖਿਆ ਪ੍ਰਦਾਨ ਕਰ ਰਹੇ ਨੇ.

--------------------------------------------------------

ਅੰਮ੍ਰਿਤਸਰ ਕਮਿਸ਼ਨਰੇਟ ਪੁਲਿਸ ਨੇ ਇੱਕ ਵੱਡੀ ਕਾਰਵਾਈ ਕਰਦਿਆਂ ਅੰਤਰਰਾਸ਼ਟਰੀ ਹਥਿਆਰ ਤਸਕਰੀ ਅਤੇ ਹਵਾਲਾ ਨੈੱਟਵਰਕ ਦਾ ਪਰਦਾਫਾਸ਼ ਕੀਤਾ ਏ। ਪੁਲਿਸ ਨੇ ਇੱਕ ਅਫਗਾਨ ਨਾਗਰਿਕ ਸਮੇਤ ਚਾਰ ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕਰਕੇ ਉਨ੍ਹਾਂ ਦੇ ਕਬਜ਼ੇ ਵਿਚੋਂ 8 ਅਤਿਆਧੁਨਿਕ ਪਿਸਤੌਲ ਅਤੇ 7 ਜ਼ਿੰਦਾ ਕਾਰਤੂਸ ਬਰਾਮਦ ਕੀਤੇ ਨੇ. ਪੁਲਿਸ ਜਾਂਚ ਦੌਰਾਨ ਸਾਹਮਣੇ ਆਇਆ ਏ ਕਿ ਗ੍ਰਿਫ਼ਤਾਰ ਮੁਲਜ਼ਮ ਵਿਦੇਸ਼ ਵਿੱਚ ਬੈਠੇ ਤਸਕਰਾਂ ਦੇ ਸੰਪਰਕ ਵਿੱਚ ਸਨ, ਜੋ ਡਰੋਨ ਰਾਹੀਂ ਭਾਰਤ-ਪਾਕਿਸਤਾਨ ਸਰਹੱਦ ਨੇੜੇ ਹਥਿਆਰਾਂ ਦੀ ਖੇਪ ਸੁੱਟਦੇ

ਸਨ। ਇਹਨਾਂ ਦਾ ਕੰਮ ਇਨ੍ਹਾਂ ਹਥਿਆਰਾਂ ਨੂੰ ਪ੍ਰਾਪਤ ਕਰਕੇ ਅੱਗੇ ਅਪਰਾਧਿਕ ਅਨਸਰਾਂ ਤੱਕ ਪਹੁੰਚਾਉਣਾ ਸੀ। ਪੁਲਿਸ ਵੱਲੋਂ ਨੈੱਟਵਰਕ ਦੇ ਸੰਬੰਧਾਂ ਦੀ ਘੋਖ ਕੀਤੀ ਜਾ ਰਹੀ ਏ ਅਤੇ ਹੋਰ ਮੁਲਜ਼ਮਾਂ ਦੀ ਭਾਲ ਲਈ ਵੱਖ-ਵੱਖ ਰਾਜਾਂ ਵਿੱਚ ਟੀਮਾਂ ਭੇਜੀਆਂ ਗਈਆਂ ਨੇ. ਕੁਝ ਦਿਨ ਪਹਿਲਾਂ ਵੀ ਇੱਕ ਹੋਰ ਅਫ਼ਗਾਨ ਨਾਗਰਿਕ ਨੂੰ ਅਜਿਹੇ ਹੀ ਮਾਮਲੇ 'ਚ ਪੁਲਿਸ ਵਲੋਂ ਫੜ੍ਹਿਆ ਗਿਆ ਸੀ.

---------------------------------------------------------------

ਸੂਬੇ ਦੇ ਸ਼ਹਿਰੀ ਖੇਤਰਾਂ ਵਿੱਚ ਸਫ਼ਾਈ ਵਿਵਸਥਾ ਨੂੰ ਦਰੁਸਤ ਕਰਨ ਲਈ ਇੱਕ ਵਿਲੱਖਣ ਕਦਮ ਚੁੱਕਦਿਆਂ ਪੰਜਾਬ ਦੇ ਸਥਾਨਕ ਸਰਕਾਰਾਂ ਬਾਰੇ ਮੰਤਰੀ ਹਰਜੋਤ ਸਿੰਘ ਬੈਂਸ ਨੇ ਅੱਜ 'ਮਿਸ਼ਨ ਕਲੀਨ ਪੰਜਾਬ' ਦੀ ਸ਼ੁਰੂਆਤ ਕੀਤੀ। ਤਕਨਾਲੋਜੀ-ਅਧਾਰਿਤ ਇਸ ਮੁਹਿੰਮ ਤਹਿਤ ਉੱਪਰ ਤੋਂ ਲੈ ਕੇ ਹੇਠਲੇ ਪੱਧਰ ਤੱਕ ਦੇ ਸਾਰੇ ਨਗਰ ਨਿਗਮ ਤੇ ਕੌਂਸਲ ਅਧਿਕਾਰੀ ਰੋਜ਼ਾਨਾ ਸਵੇਰੇ 7 ਵਜੇ ਤੋਂ 8 ਵਜੇ ਤੱਕ ਫ਼ੀਲਡ ਵਿੱਚ ਦਿਖਾਈ ਦੇਣਗੇ।
ਇੱਥੇ ਵਿਭਾਗ ਦੇ ਮੁੱਖ ਦਫ਼ਤਰ ਵਿਖੇ 'ਮਿਸ਼ਨ ਕਲੀਨ ਪੰਜਾਬ' ਦਾ ਆਗਾਜ਼ ਕਰਦਿਆਂ ਸ਼੍ਰੀ ਬੈਂਸ ਨੇ ਫੀਲਡ ਅਧਿਕਾਰੀਆਂ ਨਾਲ ਵੀਡੀਓ ਕਾਲ ਰਾਹੀਂ ਮੁਹਿੰਮ ਦੇ ਪਹਿਲੇ ਦਿਨ ਦੀ ਸਮੀਖਿਆ ਕੀਤੀ । ਉਨ੍ਹਾਂ ਦੱਸਿਆ ਕਿ ਇਸ ਮੁਹਿੰਮ ਨੂੰ ਆਰਟੀਫੀਸ਼ੀਅਲ ਇੰਟੈਲੀਜੈਂਸ (AI) ਨਾਲ

ਲੈਸ ਮੋਬਾਈਲ ਐਪਲੀਕੇਸ਼ਨ, ਅਚਨਚੇਤ ਚੈਕਿੰਗ ਅਤੇ ਸਫ਼ਾਈ ਬਾਰੇ ਹਫ਼ਤਾਵਾਰੀ ਪ੍ਰਗਤੀ ਰਿਪੋਰਟਾਂ ਰਾਹੀਂ ਸਫਲ ਬਣਾਇਆ ਜਾਵੇਗਾ। ਮੰਤਰੀ ਨੇ ਦੱਸਿਆ ਕਿ ਇਸ ਮੁਹਿੰਮ ਤਹਿਤ ਹਰੇਕ ਸ਼ਹਿਰੀ ਸਥਾਨਕ ਸੰਸਥਾ ਨੂੰ 10-ਕਿਲੋਮੀਟਰ ਦੇ ਜ਼ੋਨਾਂ ਵਿੱਚ ਵੰਡਿਆ ਜਾਵੇਗਾ ਅਤੇ ਹਰੇਕ ਜ਼ੋਨ ਦੀ ਅਗਵਾਈ ਇੱਕ ਨਿਗਰਾਨ ਅਧਿਕਾਰੀ- ਏ.ਡੀ.ਸੀ., ਐਮ.ਸੀ. ਕਮਿਸ਼ਨਰ, ਸੰਯੁਕਤ ਕਮਿਸ਼ਨਰ ਜਾਂ ਈ.ਓ.- ਵੱਲੋਂ ਕੀਤੀ ਜਾਵੇਗੀ। ਸਾਰੇ ਅਧਿਕਾਰੀ ਰੋਜ਼ਾਨਾ ਸਵੇਰੇ 7 ਵਜੇ ਤੋਂ 8 ਵਜੇ ਤੱਕ ਲਾਜ਼ਮੀ ਤੌਰ 'ਤੇ ਫੀਲਡ ਦਾ ਦੌਰਾ ਕਰਨਗੇ। ਸਥਾਨਕ ਸਰਕਾਰਾਂ ਮੰਤਰੀ ਖ਼ੁਦ ਵੀ ਪੂਰੇ ਪੰਜਾਬ ਵਿੱਚ ਅਚਨਚੇਤ ਚੈਕਿੰਗ ਕਰਨਗੇ। ਨਿਗਰਾਨ ਅਧਿਕਾਰੀ ਰੋਜ਼ਾਨਾ ਰਿਪੋਰਟਾਂ ਭੇਜਣਗੇ ਅਤੇ ਕਿਸੇ ਵੀ ਚੀਜ਼ ਨੂੰ ਨਹੀਂ ਛੱਡਿਆ ਜਾਵੇਗਾ। ਮੰਤਰੀ ਨੇ ਦੱਸਿਆ ਕਿ ਏ.ਆਈ-ਅਧਾਰਤ ਐਪ ਇਸ ਮੁਹਿੰਮ ਦੀ ਰੀਅਲ ਟਾਈਮ ਪ੍ਰਗਤੀ ਨੂੰ ਟਰੈਕ ਕਰੇਗਾ। ਅਧਿਕਾਰੀ ਵੀਡੀਓ ਕਾਲਾਂ 'ਤੇ ਉਪਲਬਧ ਰਹਿਣਗੇ ਅਤੇ ਬਿਨਾਂ ਕਿਸੇ ਪੂਰਵ ਸੂਚਨਾ ਦੇ ਕਿਤੇ ਵੀ ਅਚਨਚੇਤ ਚੈਕਿੰਗ ਕੀਤੀ ਜਾ ਸਕਦੀ ਏ। ਉਨ੍ਹਾਂ ਸਪੱਸ਼ਟ ਕੀਤਾ ਕਿ ਇਸ ਮੁਹਿੰਮ ਦਾ ਉਦੇਸ਼ ਪ੍ਰਤੱਖ ਅਤੇ ਦਸਤਾਵੇਜ਼ੀ ਨਤੀਜੇ ਹਾਸਲ ਕਰਨਾ ਏ।

-----------------------------------------------------

ਦੇਸ਼ ਦਾ ਭਰੋਸੇਮੰਦ ਲੋਕ ਪ੍ਰਸਾਰਕ, ਆਕਾਸ਼ਵਾਣੀ, ਅੱਜ ਆਪਣੇ 90 ਸਾਲ ਪੂਰੇ ਹੋਣ ਦਾ ਜਸ਼ਨ ਮਨਾ ਰਿਹਾ ਏ। ਇਸ ਦਿਨ, 8 ਜੂਨ 1936 ਨੂੰ, Indian State Broadcasting Service ਦਾ ਨਾਂ ਬਦਲ ਕੇ ਆਲ ਇੰਡੀਆ ਰੇਡੀਓ (ਏ ਆਈ ਆਰ) ਰੱਖਿਆ ਗਿਆ ਸੀ। ਸਾਲ 1956 ਵਿੱਚ, ਆਲ ਇੰਡੀਆ ਰੇਡੀਓ ਦਾ ਨਾਂ ਬਦਲ ਕੇ ਆਕਾਸ਼ਵਾਣੀ ਕਰ ਦਿੱਤਾ ਗਿਆ। ਅੱਜ, ਆਕਾਸ਼ਵਾਣੀ ਵਲੋਂ 591 ਸਟੇਸ਼ਨ ਚਲਾਏ ਜਾਂਦੇ ਨੇ, ਜੋ ਭਾਰਤ ਦੀ 98 ਫੀਸਦੀ ਆਬਾਦੀ ਤੱਕ ਪਹੁੰਚੇ ਦੇ,ਤੇ 23 ਭਾਸ਼ਾਵਾਂ ਅਤੇ 146 ਬੋਲੀਆਂ ਵਿੱਚ ਪ੍ਰਸਾਰਣ ਕਰਦੇ ਨੇ. ਆਕਾਸ਼ਵਾਣੀ ਦਾ ਆਦਰਸ਼ ਵਾਕ ਏ - ਬਹੁਜਨ ਹਿਤਾਏ, ਬਹੁਜਨ ਸੁਖਾਏ । ਇਸ ਦੌਰਾਨ ਆਕਾਸ਼ਵਾਣੀ ਜਲੰਧਰ ਵੱਲੋਂ ਅੱਜ ਕੇ.ਐਲ. ਸਹਿਗਲ ਆਡੀਟੋਰੀਅਮ ਵਿਖੇ, ਇੱਕ ਸ਼ਾਸਤਰੀ ਸੰਗੀਤ ਸਮਾਰੋਹ - 'ਇੱਕ ਸ਼ਾਮ - ਸ਼ਾਸਤਰੀ ਸੰਗੀਤ ਦੇ ਨਾਮ' ਕਰਾਇਆ ਜਾ ਰਿਹਾ ਏ। ਭਾਰਤ ਵਿੱਚ ਆਕਾਸ਼ਵਾਣੀ ਦੇ ਪ੍ਰਸਾਰਣ ਦੇ 90 ਸਾਲ ਪੂਰੇ ਹੋਣ ਨੂੰ ਸਮਰਪਿਤ ਇਹ ਸੰਗੀਤ ਸਮਾਰੋਹ ਹੁਣ ਤੋਂ ਥੋੜੀ ਦੇਰ ਬਾਅਦ ਸ਼ਾਮ ਸਾਢੇ 6 ਵਜੇ ਸ਼ੁਰੂ ਹੋਵੇਗਾ ।ਆਕਾਸ਼ਵਾਣੀ ਦੇ ਪ੍ਰੋਗਰਾਮ ਮੁਖੀ, ਪਰਮਜੀਤ ਸਿੰਘ ਨੇ ਦੱਸਿਆ ਕਿ ਸ਼ਾਸਤਰੀ ਸੰਗੀਤ ਦੇ ਵੱਖ-ਵੱਖ ਰੂਪਾਂ ਵਿੱਚ ਗਾਇਨ ਦੇ ਨਾਲ-ਨਾਲ ਸਾਜ਼ਾਂ ਦੀ ਜੁਗਲਬੰਦੀ ਵੀ ਪੇਸ਼ ਕੀਤੀ ਜਾਵੇਗੀ। ਪਿਉ-ਧੀ ਦੀ ਜੋੜੀ, ਪੰਡਿਤ ਮਨੂੰ ਕੁਮਾਰ ਸੀਨ ਅਤੇ

ਸੁਰਪ੍ਰਿਆ ਸੀਨ ਸ਼ਾਸਤਰੀ ਸਿਤਾਰ-ਸੰਤੂਰ ਜੁਗਲਬੰਦੀ ਪੇਸ਼ ਕਰਨਗੇ। ਪੰਡਿਤ ਸੀਨ ਆਕਾਸ਼ਵਾਣੀ ਦੇ ਜਾਣੇ-ਪਛਾਣੇ ਕਲਾਕਾਰ ਨੇ. ਤਬਲੇ 'ਤੇ ਮਧੁਰੇਸ਼ ਭੱਟ ਅਤੇ ਸਿਧਾਰਥ ਚੈਟਰਜੀ ਉਨ੍ਹਾਂ ਦਾ ਸਾਥ ਦੇਣਗੇ।

ਦਿਪਿਨ ਕੁਮਾਰ ਅਤੇ ਸਤਨਿੰਦਰ ਸਿੰਘ ਵੱਲੋਂ ਖਿਆਲ ਜੁਗਲਬੰਦੀ ਪੇਸ਼ ਕੀਤੀ ਜਾਵੇਗੀ। ਤਬਲੇ 'ਤੇ ਪੰਡਿਤ ਕਾਲੇ ਰਾਮ ਅਤੇ ਪੰਡਿਤ ਜੈ ਦੇਵ ਉਨ੍ਹਾਂ ਦਾ ਸਾਥ ਦੇਣਗੇ।

---------------------------------------------------------------

ਪੰਜਾਬ ਦੇ ਜਲ ਸਰੋਤ ਅਤੇ ਭੂਮੀ ਤੇ ਜਲ ਸੰਭਾਲ ਮੰਤਰੀ ਸ੍ਰੀ ਬਰਿੰਦਰ ਕੁਮਾਰ ਗੋਇਲ ਨੇ ਅੱਜ ਅਮਰਗੜ੍ਹ ਵਿਧਾਨ ਸਭਾ ਹਲਕੇ ਦੇ ਪਿੰਡ ਮਾਣਕਮਾਜਰਾ ਅਤੇ ਦਹਿਲੀਜ਼ ਖ਼ੁਰਦ ਵਿਖੇ 13 ਕਰੋੜ ਰੁਪਏ ਦੇ ਸਿੰਜਾਈ ਪ੍ਰਾਜੈਕਟਾਂ ਦੀ ਸ਼ੁਰੂਆਤ ਕੀਤੀ। ਇਸ ਮੌਕੇ ਉਨ੍ਹਾਂ ਨਾਲ ਹਲਕਾ ਵਿਧਾਇਕ ਪ੍ਰੋ. ਜਸਵੰਤ ਸਿੰਘ ਗੱਜਣਮਾਜਰਾ ਵੀ ਮੌਜੂਦ ਰਹੇ।

ਇਸ ਸਬੰਧੀ ਸਮਾਗਮ ਨੂੰ ਸੰਬੋਧਨ ਕਰਦਿਆਂ ਕੈਬਨਿਟ ਮੰਤਰੀ ਬਰਿੰਦਰ ਕੁਮਾਰ ਗੋਇਲ ਨੇ ਦੱਸਿਆ ਕਿ ਇਨ੍ਹਾਂ ਪ੍ਰਾਜੈਕਟਾਂ ਨਾਲ ਇਲਾਕੇ ਦੇ 3 ਹਜ਼ਾਰ 832 ਏਕੜ ਤੋਂ ਵੱਧ ਖੇਤੀਯੋਗ ਰਕਬੇ ਨੂੰ ਪਹਿਲੀ ਵਾਰ ਸਿੰਜਾਈ ਲਈ ਨਹਿਰੀ ਪਾਣੀ ਮਿਲੇਗਾ।

---------------------------------------------------------------

-  ਲੋਕ ਸਭਾ ਸਪੀਕਰ ਓਮ ਬਿਰਲਾ ਨੇ ਅੱਜ ਚੰਡੀਗੜ੍ਹ ਵਿਖੇ ਹਰਿਆਣਾ ਵਿਧਾਨ ਸਭਾ ਵਿੱਚ ਸੀਪੀਏ ਇੰਡੀਆ ਰੀਜਨ ਜ਼ੋਨ-2 ਕਾਨਫਰੰਸ ਦਾ ਉਦਘਾਟਨ ਕੀਤਾ।
- ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ 355 ਨੌਜਵਾਨਾਂ ਨੂੰ ਨਿਯੁਕਤੀ ਪੱਤਰ ਸੌਂਪੇ.
- ਅੰਮ੍ਰਿਤਸਰ ਕਮਿਸ਼ਨਰੇਟ ਪੁਲਿਸ ਨੇ ਇੱਕ ਅੰਤਰਰਾਸ਼ਟਰੀ ਹਥਿਆਰ ਤਸਕਰੀ ਅਤੇ ਹਵਾਲਾ ਨੈੱਟਵਰਕ ਦਾ ਪਰਦਾਫਾਸ਼ ਕਰਦਿਆਂ ਇੱਕ ਅਫਗਾਨ ਨਾਗਰਿਕ ਸਮੇਤ ਚਾਰ ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕੀਤੈ.
- ੪ - ਪੰਜਾਬ ਦੇ ਸਥਾਨਕ ਸਰਕਾਰਾਂ ਬਾਰੇ ਮੰਤਰੀ ਹਰਜੋਤ ਸਿੰਘ ਬੈਂਸ ਨੇ ‘ਮਿਸ਼ਨ ਕਲੀਨ ਪੰਜਾਬ’ ਦੀ ਸ਼ੁਰੂਆਤ ਕੀਤੀ।

- ਆਕਾਸ਼ਵਾਣੀ ਦੇ 90 ਸਾਲ ਪੂਰੇ ਹੋਣ ਮੌਕੇ ਅੱਜ ਆਕਾਸ਼ਵਾਣੀ ਜਲੰਧਰ ਵੱਲੋਂ ਅੱਜ ਕੇ.ਐਲ. ਸਹਿਗਲ ਆਡੀਟੋਰੀਅਮ ਵਿਖੇ, ਇੱਕ ਸ਼ਾਸਤਰੀ ਸੰਗੀਤ ਸਮਾਰੋਹ - 'ਇੱਕ ਸ਼ਾਮ - ਸ਼ਾਸਤਰੀ ਸੰਗੀਤ ਦੇ ਨਾਮ' ਕਰਾਇਆ ਜਾ ਰਿਹਾ ਏ।

ਇਸਦੇ ਨਾਲ ਹੀ ਸਾਡਾ ਇਹ ਬੁਲੇਟਿਨ ਖਤਮ ਹੁੰਦਾ ਏ

ਸਾਡਾ ਅਗਲਾ ਰਾਸ਼ਟਰੀ ਬੁਲੇਟਿਨ

ਸ਼ਾਮ 7 ਵਜੇ ਹੋਏਗਾ

ਨਮਸ੍ਕਾਰ